# ਕੈਂਪ ਦੌਰਾਨ 150 ਅੱਖਾਂ ਦੇ ਮਰੀਜ਼ਾਂ ਦੀ ਜਾਂਚ



ਮਾਨਸਾ, 4 ਫ਼ਰਵਰੀ (ਸੁਖਵੰਤ ਸਿੰਘ) : ਸੰਸਥਾ ਤਲਵੰਡੀ ਸਾਬੋ ਪਾਵਰ ਲਿਮਟਿਡ ਕੰਪਨੀ ਬਣਾਂਵਾਲੀ ਵਲੋਂ ਇਲਾਕੇ ਦੇ ਪਿੰਡ ਮੌਜੀਆਂ ਅਤੇ ਪੇਰੋਂ ਵਿਖੇ ਅੱਖਾਂ ਦੀ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਭਗਤਾ ਭਾਈਕਾ ਦੇ ਡਾਕਟਰਾਂ ਨੇ ਕੈਂਪ ਵਿਚ ਆਏ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਕੰਪਨੀ ਦੇ ਸਪੋਕਸਮੈਨ ਪੀ ਸੀ . ਦਾਸ ਨੇ ਦੱਸਿਆ ਕਿ ਗੰਧਲੇ ਹੋ ਰਹੇ ਵਾਤਾਵਰਣ ਕਾਰਨ ਅੱਖਾਂ ਦੀਆਂ ਬੀਮਾਰੀਆਂ ਬਹੁਤ ਵਧ ਚੁਕੀਆਂ ਹਨ, ਜਿਸ ਕਾਰਨ ਅਨੇਕਾਂ ਪ੍ਰਕਾਰ ਦੀਆਂ ਬੀਮਾਰੀਆਂ ਦਾ ਇਲਾਕਾ ਵਾਸੀਆਂ ਨੂੰ ਸ਼ਿਕਾਰ ਹੋਣਾ ਪੈ ਰਿਹਾ ਹੈ। ਡਾਕਟਰ ਨਿਰਮਲ ਸਿੰਘ ਨੇ ਦੱਸਿਆ ਕਿ ਜ਼ਿਆਦਾ ਮਰੀਜ਼ ਗੰਧਲੇ ਹੋ ਰਹੇ ਵਾਤਾਵਰਨ ਕਾਰਨ ਅੱਖਾਂ ਵਿਚ ਜਲਨ ਦੇ ਮਰੀਜ਼ ਆ ਰਹੇ ਹਨ ਜੋ ਕਿ ਇੱਕ ਚਿੰਤਾ ਦਾ ਵਿਸ਼ਾ ਹੈ। ਪੀ.ਆਰ.ਓ. ਪ੍ਰੀਤੀ ਰਾਵਤ ਨੇ ਦੱਸਿਆ ਕਿ ਹਰ ਪਿੰਡ ਵਿੱਚ ਕਲੱਬ ਦੇ ਅਹੁਦੇਦਾਰਾਂ ਅਤੇ ਪਿੰਡ ਦੀ ਪੰਚਾਇਤ ਨਾਲ ਸਪੰਰਕ ਕਰ ਕੇ ਇਹ ਕੈਂਪ ਲਗਾਏ ਜਾ ਰਹੇ ਹਨ। ਕੈਂਪ ਦੌਰਾਨ ਪਿੰਡ ਮੌਜੀਆਂ ਵਿਖੇ 50 ਅਤੇ ਪੇਰੋ ਵਿਖੇ 100 ਮਰੀਜਾਂ ਦਾ ਚੈਕਅੱਪ ਕੀਤਾ ਗਿਆ। ਕੈਂਪ ਦੌਰਾਨ ਹਾਜ਼ਰ ਵਿਨੈ ਸ਼ਰਮਾ, ਸੁਖਦੀਪ ਕੌਰ, ਸਨਦੀਪ ਕੌਰ ਆਦਿ ਹਾਜ਼ਰ ਸਨ।